# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-01-2025**

- ਕੇਂਦਰ ਸਰਕਾਰ ਨੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 479 ਦੇ ਉਪਬੰਧਾਂ ਨੂੰ ਲਾਗੂ ਕਰਨ ਲਈ ਕਿਹਾ ਏ ।
- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਭਾਰਤਪੋਲ ਪੋਰਟਲ ਦੀ ਕੀਤੀ ਸ਼ੁਰੂਆਤ- ਕਿਹਾ ਇਹ ਅੰਤਰ-ਰਾਸ਼ਟਰੀ ਜਾਂਚ ਪ੍ਰਣਾਲੀ ਵਿੱਚ, ਭਾਰਤ ਲਈ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।
- ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗੀ ਅਧਿਕਾਰੀਆਂ ਨੂੰ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਕਰਵਾਏ ਜਾ ਰਹੇ ਸਰਵੇਖਣ ਵਿੱਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਅੱਜ ਰਾਤੀਂ ਅਤੇ ਕੱਲ ਸਵੇਰ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਜਤਾਈ।

---------------------------------------------------------------

ਕੇਂਦਰ ਸਰਕਾਰ ਨੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 479 ਦੇ ਉਪਬੰਧਾਂ ਨੂੰ ਲਾਗੂ ਕਰਨ ਲਈ ਕਿਹਾ ਏ। ਇਹ ਧਾਰਾ, ਜੇਲ੍ਹ ਵਿੱਚ ਭੀੜ ਦੀ ਸਮੱਸਿਆ ਨੂੰ ਘੱਟ ਕਰਨ ਲਈ ਵਿਚਾਰ ਅਧੀਨ ਕੈਦੀਆਂ ਦੀ ਰਿਹਾਈ ਲਈ ਅਰਜ਼ੀਆਂ 'ਤੇ ਕਾਰਵਾਈ ਦਾ ਨਿਰਦੇਸ਼ ਦਿੰਦਾ ਏ। ਗ੍ਰਹਿ ਮੰਤਰਾਲੇ ਨੇ ਇਸ ਸਬੰਧ ਵਿਚ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਨੂੰ ਪੱਤਰ ਲਿਖਿਆ ਏ। ਨਵੇਂ ਨਿਯਮਾਂ ਦੇ ਤਹਿਤ, ਪਹਿਲੀ ਵਾਰ ਅਪਰਾਧ ਕਾਰਨ ਵਾਲੇ, ਉਨ੍ਹਾਂ ਦੀ ਵੱਧ ਤੋਂ ਵੱਧ ਸਜ਼ਾ ਦਾ ਇੱਕ ਤਿਹਾਈ ਹਿੱਸਾ ਕੱਟਣ ਤੋਂ ਬਾਅਦ ਰਿਹਾਈ ਦੇ ਯੋਗ ਹੋਣਗੇ ।

---------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ, ਕੇਂਦਰੀ ਜਾਂਚ

ਬਿਊਰੋ ਵਲੋਂ ਤਿਆਰ ਕੀਤੇ 'ਭਾਰਤਪੋਲ ਪੋਰਟਲ' ਦੀ ਸ਼ੁਰੂਆਤ ਕੀਤੀ। ਭਾਰਤਪੋਲ ਪੋਰਟਲ ਦਾ ਉਦੇਸ਼, ਇੰਟਰਪੋਲ ਦੁਆਰਾ ਕੌਮਾਂਤਰੀ ਮਦਦ ਲਈ ਸਾਰੀਆਂ ਬੇਨਤੀਆਂ ਵਿਚ ਕਾਰਵਾਈ ਨੂੰ ਆਸਾਨ ਬਣਾਉਣਾ ਏ , ਜਿਸ ਵਿੱਚ ਰੈੱਡ ਨੋਟਿਸ ਅਤੇ ਹੋਰ ਰੰਗਾਂ ਦੇ ਕੋਡ ਵਾਲੇ ਇੰਟਰਪੋਲ ਨੋਟਿਸ ਜਾਰੀ ਕਰਨਾ ਸ਼ਾਮਲ ਏ। ਇਸ ਮੌਕੇ 'ਤੇ ਬੋਲਦਿਆਂ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ, ਭਾਰਤਪੋਲ, ਅੰਤਰ-ਰਾਸ਼ਟਰੀ ਜਾਂਚ ਨੂੰ ਇੱਕ ਨਵੇਂ ਯੁੱਗ ਵਿੱਚ ਲੈ ਜਾਵੇਗਾ ।

**ਹੋਰ ਵੇਰਵੇ ਨਾਲ ਇਕ ਰਿਪੋਰਟ :**

---------------------------------------------------

ਕੇਂਦਰੀ ਸੜਕ ਆਵਾਜਾਈ ਅਤੇ ਰਾਜ-ਮਾਰਗ ਮੰਤਰੀ, ਨਿਤਿਨ ਗਡਕਰੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਟਰਾਂਸਪੋਰਟ ਮੰਤਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਗਡਕਰੀ ਨੇ ਕਿਹਾ ਕਿ ਇਹ ਸਲਾਨਾ ਇਕੱਠ ਕੇਂਦਰ ਅਤੇ ਸੂਬਾ ਸਰਕਾਰਾਂ ਵਿਚਕਾਰ ਤਾਲਮੇਲ ਨੂੰ ਉਤਸ਼ਾਹਿਤ ਕਰਨ, ਮਹੱਤਵਪੂਰਨ ਨੀਤੀਗਤ ਮਾਮਲਿਆਂ

'ਤੇ ਸਹਿਯੋਗੀ ਵਿਚਾਰ-ਵਟਾਂਦਰੇ ਦੀ ਸਹੂਲਤ ਅਤੇ ਰਾਸ਼ਟਰੀ ਤਰੱਕੀ ਲਈ ਇੱਕਸੁਰਤਾ ਵਾਲੀਆਂ ਰਣਨੀਤੀਆਂ ਨੂੰ ਅੱਗੇ ਵਧਾਉਣ ਲਈ, ਇੱਕ ਮਹੱਤਵਪੂਰਣ ਪਲੇਟਫਾਰਮ ਵਜੋਂ ਕੰਮ ਕਰਦਾ ਏ । ਉਨ੍ਹਾਂ ਕਿਹਾ ਕਿ ਖੇਤਰੀ ਚੁਣੌਤੀਆਂ ਨਾਲ ਨਜਿੱਠਣ, ਸਰਵੋਤਮ ਅਭਿਆਸਾਂ ਨੂੰ ਸਾਂਝਾ ਕਰਨ ਅਤੇ ਦੇਸ਼ ਭਰ ਵਿੱਚ ਪਰਿਵਰਤਨਸ਼ੀਲ ਟਰਾਂਸਪੋਰਟ ਨੀਤੀਆਂ ਨੂੰ ਇਕਸਾਰ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਅਜਿਹੇ ਸੰਵਾਦ ਜ਼ਰੂਰੀ ਨੇ ।

---------------------------------------------------------------------

ਦਿੱਲੀ ਦੇ ਕਿਸਾਨਾਂ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਮੁਲਾਕਾਤ ਕੀਤੀ । ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਰਾਸ਼ਟਰੀ ਰਾਜਧਾਨੀ ਵਿੱਚ ਕਿਸਾਨਾਂ ਨੂੰ ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਨਹੀਂ ਮਿਲ ਰਿਹਾ ਏ । ਖੇਤੀਬਾੜੀ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਇਸ ਸਬੰਧੀ ਦਿੱਲੀ ਦੇ ਮੁੱਖ ਮੰਤਰੀ ਆਤਿਸ਼ੀ ਨੂੰ ਪੱਤਰ ਲਿਖਿਆ ਏ । ਉਨ੍ਹਾਂ ਦੋਸ਼ ਲਾਇਆ

ਕਿ ਕਿਸਾਨਾਂ ਨੂੰ ਮਹਿੰਗੇ ਭਾਅ ’ਤੇ ਬਿਜਲੀ ਮਿਲ ਰਹੀ ਏ। ਸ੍ਰੀ ਚੌਹਾਨ ਨੇ ਦਿੱਲੀ ਸਰਕਾਰ ਨੂੰ ਕੇਂਦਰ ਸਰਕਾਰ ਦੀਆਂ ਵੱਖ-ਵੱਖ ਕਿਸਾਨ ਭਲਾਈ ਯੋਜਨਾਵਾਂ ਨੂੰ ਦਿੱਲੀ ਵਿੱਚ ਲਾਗੂ ਕਰਨ ਦੀ ਅਪੀਲ ਕੀਤੀ।

---------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗੀ ਅਧਿਕਾਰੀਆਂ ਨੂੰ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਕਰਵਾਏ ਜਾ ਰਹੇ ਬਜੁਰਗਾਂ ਦੇ ਜੀਵਨ ਪੱਧਰ ਸਬੰਧੀ ਸਰਵੇਖਣ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਇਸ ਸਰਵੇਖਣ ਦੌਰਾਨ, ਬਜੁਰਗ ਪੈਨਸ਼ਨ ਤੋਂ ਵਾਂਝੇ ਰਹਿ ਗਏ, ਬਜੁਰਗ ਮਰੀਜ਼ , ਜੋ ਆਪਣਾ ਇਲਾਜ ਨਹੀ ਕਰਵਾ ਸਕਦੇ ਅਤੇ ਜਿਹੜੇ ਬਜੁਰਗਾਂ ਨੂੰ ਉਹਨਾਂ ਦੇ ਬੱਚੇ ਨਹੀ ਸੰਭਾਲ ਰਹੇ, ਸਬੰਧੀ ਮੁਕੰਮਲ ਰਿਪੋਰਟ ਜਲਦੀ ਤੋਂ ਜਲਦੀ ਤਿਆਰ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾਵੇ। ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ,ਬਜ਼ੁਰਗਾਂ ਦੇ ਜੀਵਨ ਨੂੰ ਬਿਹਤਰ ਬਣਾਉਣ 'ਤੇ ਵਿਸ਼ੇਸ਼ ਧਿਆਨ ਦੇ ਰਹੀ ਏ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬਾ ਸਰਕਾਰ

ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਲਈ ਤਿਆਰ ਕੀਤੀਆਂ ਯੋਜਨਾਵਾਂ ਜ਼ਮੀਨੀ ਪੱਧਰ 'ਤੇ ਬਿਨਾਂ ਕਿਸੇ ਦੇਰੀ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤੀਆਂ ਜਾਣ। ਉਹਨਾਂ ਹੁਸ਼ਿਆਰਪੁਰ, ਫਿਰੋਜ਼ਪੁਰ, ਐਸ.ਏ.ਐਸ.ਨਗਰ ਅਤੇ ਪਠਾਨਕੋਟ ਜ਼ਿਲ੍ਹਿਆਂ ਵੱਲੋਂ ਕੀਤੇ ਸਰਵੇਖਣ ਦੀ ਪ੍ਰਗਤੀ ਦੀ ਸ਼ਲਾਘਾ ਕੀਤੀ ਅਤੇ ਬਾਕੀ ਜ਼ਿਲ੍ਹਿਆਂ ਨੂੰ ਆਪਣੇ ਯਤਨਾਂ ਵਿੱਚ ਤੇਜ਼ੀ ਲਿਆਉਣ ਲਈ ਕਿਹਾ। ਮੰਤਰੀ ਨੇ ਸਪੱਸ਼ਟ ਕੀਤਾ ਕਿ ਬਜ਼ੁਰਗਾਂ ਦੇ ਹਿੱਤਾਂ ਦੀ ਰਾਖੀ ਦੇ ਉਦੇਸ਼ ਨਾਲ ਸਰਵੇਖਣ ਦੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਆਪਣੀ ਜ਼ਿੰਮੇਵਾਰੀ ਵਿੱਚ ਕੁਤਾਹੀ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------

ਵੋਟ ਦੀ ਮਹੱਤਤਾ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੇ ਮੰਤਵ ਨਾਲ ਪੰਜਾਬ ਦੇ ਮੁੱਖ ਚੋਣ ਅਫ਼ਸਰ ਵੱਲੋਂ ਕੌਮੀ ਵੋਟਰ ਦਿਵਸ ਨੂੰ ਸਮਰਪਿਤ ‘ਪੰਜਾਬ ਇਲੈਕਸ਼ਨ ਕੁਇੱਜ਼-2025’ ਤਹਿਤ ਆਨਲਾਈਨ

ਅਤੇ ਆਫ਼ਲਾਈਨ ਮੁਕਾਬਲੇ ਕਰਵਾਏ ਜਾ ਰਹੇ ਨੇ । ਇਨ੍ਹਾਂ ਮੁਕਾਬਲਿਆਂ ਲਈ 17 ਜਨਵਰੀ ਤੱਕ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਏ । ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਆਨਲਾਈਨ ਇਲੈਕਸ਼ਨ ਕੁਇੱਜ਼ ਮੁਕਾਬਲਾ 19 ਜਨਵਰੀ ਨੂੰ ਅਤੇ ਸੂਬਾ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ ਨੂੰ ਹੋਵੇਗਾ । ਉਨ੍ਹਾਂ ਦੱਸਿਆ ਕਿ ਇਸ ਲਈ ਆਨਲਾਈਨ ਰਜਿਸਟ੍ਰੇਸ਼ਨ Punjab.ਇੰਡੀਆ ਸਟੇਟ ਕੁਇਜ਼ .com ’ਤੇ ਕਰਵਾਈ ਜਾ ਸਕਦੀ ਏ । ਮੁਕਾਬਲੇ ਵਿੱਚ ਭਾਗ ਲੈਣ ਲਈ ਭਾਗੀਦਾਰਾਂ ਨੂੰ ਆਪਣਾ ਵੋਟਰ ਸ਼ਨਾਖਤੀ ਕਾਰਡ, ਆਧਾਰ ਕਾਰਡ, ਸਕੂਲ, ਕਾਲਜ ਵਲੋਂ ਜਾਰੀ ਕੀਤਾ ਗਿਆ ਪਛਾਣ ਪੱਤਰ ਜਮ੍ਹਾ ਕਰਵਾਉਣਾ ਹੋਵੇਗਾ। ਪਹਿਲੇ ਗੇੜ ਵਿੱਚ ਜ਼ਿਲ੍ਹਾ ਪੱਧਰ ’ਤੇ ਜੇਤੂਆਂ ਦੀ ਪਹਿਚਾਣ, ਆਨਲਾਈਨ ਮੁਕਾਬਲੇ ਤਹਿਤ ਕੀਤੀ ਜਾਵੇਗੀ ਅਤੇ ਫਾਈਨਲ ਆਫ਼ਲਾਈਨ ਮੁਕਾਬਲਾ 23 ਜ਼ਿਲ੍ਹਿਆਂ ਦੇ ਜੇਤੂਆਂ ਵਿਚਕਾਰ 24 ਜਨਵਰੀ ਨੂੰ ਲੁਧਿਆਣਾ ਵਿਖੇ ਹੋਵੇਗਾ । ਡਿਪਟੀ ਕਮਿਸ਼ਨਰ ਨੇ

ਨੌਜਵਾਨ ਵੋਟਰਾਂ ਨੂੰ ‘ਰਾਸ਼ਟਰੀ ਵੋਟਰ ਦਿਵਸ’ ਨੂੰ ਸਮਰਪਿਤ ਕਰਵਾਏ ਜਾ ਰਹੇ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।

---------------------------------------------------------

ਭਾਰਤ ਦੇ ਨਾਇਕਾਂ ਦੀਆਂ ਬਹਾਦਰੀ ਦੀ ਕਹਾਣੀਆਂ 'ਤੇ ਐੱਨ ਸੀ ਸੀ ਕੈਡਿਟਾਂ ਵੱਲੋਂ ਸਾਈਕਲ ਰੈਲੀ ਕੱਢੀ ਗਈ । ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਵਿਚ NCC ਦੇ ਵਧੀਕ ਡਾਇਰੈਕਟਰ ਜਨਰਲ ਮੇਜਰ ਜਨਰਲ ਜਗਦੀਪ ਸਿੰਘ ਚੀਮਾ ਨੇ ਜੰਗੀ ਯਾਦਗਾਰ ਹੁਸੈਨੀਵਾਲਾ ਤੋਂ ਝੰਡੀ ਦਿਖਾ ਕੇ ਐੱਨ.ਸੀ.ਸੀ ਸਾਈਕਲ ਰੈਲੀ ਨੂੰ ਰਵਾਨਾ ਕੀਤਾ। ਇਹ ਰੈਲੀ ਐੱਨ ਸੀ ਸੀ ਗਰੁੱਪ, ਜਲੰਧਰ ਵੱਲੋਂ ਕੱਢੀ ਜਾ ਰਹੀ ਏ । ਇਸ ਵਿੱਚ ਕਾਲਜ ਦੀਆਂ 6 ਲੜਕੀਆਂ ਕੈਡਿਟ ਵੀ ਹਿੱਸਾ ਲੈ ਰਹੀਆਂ ਨੇ। ਸਾਈਕਲ ਰੈਲੀ ਦੋ ਦਿਨ ਦੇ ਵਕਫ਼ੇ ਨਾਲ 14 ਦਿਨਾਂ ਵਿੱਚ ਕੁੱਲ 710 ਕਿਲੋਮੀਟਰ ਦਾ ਸਫ਼ਰ ਪੂਰਾ ਕਰੇਗੀ। ਇਹ ਸਾਈਕਲ ਰੈਲੀ ਜੰਗੀ ਯਾਦਗਾਰ ਹੁਸੈਨੀਵਾਲਾ ਤੋਂ ਰਵਾਨਾ ਹੋ ਕੇ ਪਰੇਡ ਗਰਾਊਂਡ, ਨਵੀਂ ਦਿੱਲੀ ਵਿਖੇ ਜਾਵੇਗੀ । ਨੌਜਵਾਨ ਐਨ.ਸੀ.ਸੀ. ਕੈਡਿਟਾਂ ਦੀ ਸਾਈਕਲ ਰੈਲੀ ਪੰਜਾਬ ਦੇ 6 ਜ਼ਿਲ੍ਹਿਆਂ ਅਤੇ ਹਰਿਆਣਾ ਦੇ ਚਾਰ ਜ਼ਿਲ੍ਹਿਆਂ ਵਿਚੋਂ

ਲੰਘਦੀ ਹੋਈ ਨਵੀਂ ਦਿੱਲੀ ਕੈਂਟ ਪਹੁੰਚੇਗੀ। 8 ਪੰਜਾਬ ਐਨ.ਸੀ.ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ, ਕਰਨਲ ਦੀਪਾਂਕਰ, ਨੇ ਦੱਸਿਆ ਕਿ ਸਾਈਕਲ ਰੈਲੀ ਦਾ ਉਦੇਸ਼ 90 ਸਾਲਾਂ ਦੀ ਆਜ਼ਾਦੀ ਦੇ ਸੰਘਰਸ਼ ਦੇ ਨਾਇਕਾਂ ਅਤੇ ਆਜ਼ਾਦੀ ਤੋਂ ਬਾਅਦ ਵੱਖ-ਵੱਖ ਜੰਗਾਂ ਵਿੱਚ ਲਾਮਿਸਾਲ ਕੁਰਬਾਨੀਆਂ ਦੇਣ ਵਾਲੇ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਏ। ਟੀਮ ਕਪਤਾਨ ਕਰਨਲ ਸੋਮਵੀਰ ਸਿੰਘ ਡਬਾਸ ਨੇ । ਰੈਲੀ ਵਿੱਚ NCC ਅਫਸਰ ਰਣਜੀਤ ਸਿੰਘ, ਅਫਸਰ ਸੁਸ਼ਮਾ ਦੇਵੀ ਅਤੇ ਫੌਜ ਦੇ ਪੰਜ ਇੰਸਟ੍ਰਕਟਰ ਵੀ ਸਾਈਕਲ ਚਲਾ ਰਹੇ ਨੇ। ਜਲੰਧਰ ਦੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾੜੀ ਨੇ ਦੱਸਿਆ ਕਿ ਸਾਰੇ ਐਨ.ਸੀ.ਸੀ. ਕੈਡਿਟ ਅਤੇ ਮਿਲਟਰੀ ਇੰਸਟ੍ਰਕਟਰ ਪਿਛਲੇ 20 ਦਿਨਾਂ ਤੋਂ ਐਨ.ਸੀ.ਸੀ ਅਕੈਡਮੀ ਰੋਪੜ ਵਿਖੇ ਸਰੀਰਕ ਅਤੇ ਮਾਨਸਿਕ ਤਾਕਤ ਦੀ ਸਿਖਲਾਈ ਲੈ ਰਹੇ ਨੇ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5 ਕਿਲੋ ਹੈਰੋਇਨ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਨਸ਼ਾ ਤਸਕਰੀ ਦੇ ਗਿਰੋਹ ਦਾ

ਪਰਦਾਫਾਸ਼ ਕੀਤਾ ਏ। ਇਹਨਾਂ ਵਿੱਚ ਇਕ 19 ਸਾਲਾਂ ਦਾ ਨੌਜਵਾਨ ਅਤੇ ਇਕ ਔਰਤ ਵੀ ਸ਼ਾਮਲ ਨੇ, ਜੋ ਭੂਆ-ਭਤੀਜਾ ਨੇ । ਇਹ ਦੋਵੇਂ ਤਰਨਤਾਰਨ ਦੇ ਪਿੰਡ ਮੁਠਿਆਵਾਲ ਦੇ ਵਸਨੀਕ ਨੇ । ਇਕ ਹੋਰ ਵਿਅਕਤੀ ਜੋ ਭਿੱਖੀਵਿੰਡ ਦਾ ਰਹਿਣ ਵਾਲਾ ਏ ਅਤੇ ਦੂਜਾ ਅੰਮ੍ਰਿਤਸਰ ਦੇ ਪਿੰਡ ਲੋਧੀ ਗੁੱਜਰਾਂ, ਦਾ ਰਹਿਣ ਵਾਲਾ ਏ ਨੂੰ ਵੀ ਗਿਰਫ਼ਤਾਰ ਕੀਤਾ ਗਿਆ ਏ । ਇਹ ਸਾਰੇ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰਾਂ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਸਰਹੱਦ ਪਾਰੋਂ ਨਸ਼ਿਆਂ ਦੀ ਖੇਪ ਪ੍ਰਾਪਤ ਕਰਦੇ ਸਨ। ਜਾਂਚ ਤੋਂ ਇਹ ਵੀ ਪਤਾ ਲੱਗਾ ਏ ਕਿ ਇਹਨਾਂ ਨੂੰ ਡਰੋਨ ਦੀ ਵਰਤੋਂ ਕਰਕੇ ਖੇਪ ਪਹੁੰਚਾਈ ਜਾ ਰਹੀ ਸੀ।

--------------------------------------------------

ਪੰਜਾਬ 'ਚ ਪਨਬਸ,ਪੀਆਰਟੀਸੀ ਅਤੇ ਪੰਜਾਬ ਰੋਡਵੇਜ਼ ਦੇ ਕੱਚੇ ਕਾਮਿਆਂ ਅਤੇ ਕੰਟਰੈਕਟ ਮੁਲਾਜ਼ਮਾਂ ਵਲੋਂ ਬੀਤੇ ਦਿਨ ਤੋਂ ਸ਼ੁਰੂ ਕੀਤੀ ਗਈ 3 ਦਿਨਾਂ ਹੜਤਾਲ ਅੱਜ ਮੁਲਤਵੀ ਕਰ ਦਿਤੀ ਗਈ ਏ । ਮੁਲਾਜਮ ਜੱਥੇਬੰਦੀ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਸਾਡੇ ਮੋਹਾਲੀ ਵਾਲੇ ਪਤਰਕਾਰ ਨੂੰ ਦਸਿਆ ਕਿ ਹੜਤਾਲ ਨੂੰ ਮੁਲਤਵੀ ਕਰਨ

ਦਾ ਇਹ ਫ਼ੈਸਲਾ ਮੁੱਖ਼ ਮੰਤਰੀ ਨਾਲ ਮੀਟਿੰਗ ਦੇ ਭਰੋਸੇ ਮਗ਼ਰੋ ਲਿਆ ਗਿਆ ਏ  ਤੇ ਕਲ ਤੋ  ਸਾਰੀਆਂ ਬਸਾਂ ਆਮ ਵਾਂਗ ਚਲਣਗੀਆ ।

---------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਰਾਤੀਂ ਅਤੇ ਕਲ ਸਵੇਰ ਸਮੇਂ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਜਤਾਈ ਏ । ਮੌਸਮ ਵਿਭਾਗ ਨੇ ਅਜ ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਸੰਘਣੀ ਧੁੰਦ ਪੈਣ ਬਾਰੇ ਚੇਤਾਵਨੀ ਜਾਰੀ ਕੀਤੀ ਏ। ਪਿਛਲੇ 24 ਘੰਟਿਆਂ ਵਿਚ ਸੂਬੇ ਦੇ ਤਾਪਮਾਨ ਵਿੱਚ 0.4 ਡਿਗਰੀ ਦੀ ਕਮੀ ਦਰਜ ਕੀਤੀ ਗਈ ਏ । ਪਠਾਨਕੋਟ ਵਿਚ ਸਭ ਤੋਂ ਵੱਧ ਤਾਪਮਾਨ 22.2 ਡਿਗਰੀ ਦਰਜ ਕੀਤਾ ਗਿਐ ਜਦਕਿ ਚੰਡੀਗੜ੍ਹ ਵਿਚ 22.8 ਡਿਗਰੀ ਤਾਪਮਾਨ ਰਿਹਾ ਏ । 9 ਜਨਵਰੀ ਤੱਕ ਮੀਂਹ ਪੈਣ ਬਾਰੇ ਕੋਈ ਚੇਤਾਵਨੀ ਨਹੀਂ ਏ । ਮੌਸਮ ਵਿਭਾਗ ਮੁਤਾਬਕ 9 ਜਨਵਰੀ ਦੀ ਰਾਤ ਤੋਂ ਮੌਸਮ ਬਦਲੇਗਾ । ਇਸ ਤੋਂ ਬਾਅਦ, ਆਉਣ ਵਾਲੇ 4 ਦਿਨਾਂ ਤੱਕ ਕੁਝ ਥਾਵਾਂ ’ਤੇ ਮੀਂਹ ਪੈਣ ਦੀ ਸੰਭਾਵਨਾ ਏ ।

---------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਕੇਂਦਰ ਸਰਕਾਰ ਨੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 479 ਦੇ ਉਪਬੰਧਾਂ ਨੂੰ ਲਾਗੂ ਕਰਨ ਲਈ ਕਿਹਾ ਏ।
- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਭਾਰਤਪੋਲ ਪੋਰਟਲ ਦੀ ਕੀਤੀ ਸ਼ੁਰੂਆਤ- ਕਿਹਾ ਇਹ ਅੰਤਰ-ਰਾਸ਼ਟਰੀ ਜਾਂਚ ਪ੍ਰਣਾਲੀ ਵਿੱਚ, ਭਾਰਤ ਲਈ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।
- ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗੀ ਅਧਿਕਾਰੀਆਂ ਨੂੰ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਕਰਵਾਏ ਜਾ ਰਹੇ ਸਰਵੇਖਣ ਵਿੱਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਅੱਜ ਰਾਤੀਂ ਅਤੇ ਕੱਲ ਸਵੇਰ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਜਤਾਈ।